# ਦਫ਼ਤਰ ਜ਼ਿਲਾ ਸਿੱਖਿਆ ਅਫਸਰ (ਐ.ਸਿ.),ਸ਼ਹੀਦ ਭਗਤ ਸਿੰਘ ਨਗਰ

Email – ssasbsngar@punjabeducation.gov.in

ਮੀਮੋ ਨੰ:ਸਮਗਰਾ/ਆਰ.ਟੀ.ਈ/2020250801
ਵੱਲ

ਮਿਤੀ !- 08/10/2010

ਮੈਨੇਜਰ/ਪ੍ਰਿੰਸੀਪਲ,
Bhagwan Mahaveer Public Sen.Sec.School Banga
ਸ਼ਹੀਦ ਭਗਤ ਸਿੰਘ ਨਗਰ ।

**ਵਿਸ਼ਾ:** ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਨਿਯਮ 15 ਦੇ ਉੱਪ ਨਿਯਮ(4)ਅਧੀਨ,ਬੱਚਿਆ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ,2009 ਦੀ ਧਾਰ੍ਹਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਪਿਆਰੇ ਸ੍ਰੀ ਮਾਨ/ਸ੍ਰੀ ਮਤੀ ਜੀ

ਆਪਜੀ ਦੀ ਪ੍ਰਤੀ ਬੇਨਤੀ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ /ਪੜਤਾਲ ਦੇ ਹਵਾਲੇ ਵਿੱਚ ਮੈ Bhagwan Mahaveer Public Sen.Sec.School Banga,ਸ਼ਹੀਦ ਭਗਤ ਸਿੰਘ ਨਗਰ ਨੂੰ ਪਹਿਲੀ ਤੋਂ ਅੱਠਵੀ" ਜਮਾਤ ਤੱਕ 31 ਮਾਰਚ,2023 ਦੇ ਸਮੇਂ ਲਈ ਆਰਜੀ ਮਾਨਤਾ ਭੇਜਦਾ/ਭੇਜਦੀ ਹਾਂ।

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਆਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਕਿ ਇਹ ਅੱਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਅਤੇ ਬੱਚਿਆ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਉਪਬੰਧਾ ਦੀ ਪਾਲਣਾ ਕਰੇਗਾ ।
3. ਸਕੂਲ ਪਹਿਲੀ ਜਮਾਤ ਵਿਚ ਜਮਾਤ ਦੀ ਕੁੱਲ ਸੰਖਿਆ ਦਾ 25% ਪ੍ਰਤੀਸ਼ਤ, ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ ਪਾਸ ਦੇ ਬਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪ੍ਰਦਾਨ ਕਰੇਗਾ।
4. ਸਕੂਲ ਨੂੰ ਪੈਰ੍ਹਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰ੍ਹਾ 12 ਦੀ ਉਪ-ਧਾਰ੍ਹਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ । ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ਸਕੂਲ ਕੋਈ ਕੈਪੀਟੇਸ਼ਨ ਫ਼ੀਸ ਨਹੀਂ ਲਵੇਗਾ ਅਤੇ ਬੱਚੇ ਜਾਂ ਉਸ ਦੇ ਮਾਪਿਆਂ ਜਾਂ ਸਰਪ੍ਰਸਤਾਂ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰ੍ਹਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ । ਸਕੂਲ ਇਹ ਯਕੀਨੀ ਬਣਾਏਗਾ ਕਿ :-
   - (1) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿੱਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤਕ ਕਿ ਉਸ ਦੀ ਸਕੂਲ ਵਿਚ ਮੁੱਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ
   - (2) ਕਿਸੇ ਵੀ ਬਚੇ ਨੂੰ ਸ਼ਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਕੀਤੀ ਜਾਵੇਗੀ
   - (3) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ;
   - (4) ਹਰ ਇਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 25 ਦਿੱਤੇ ਅਨੁਸਾਰ ਪ੍ਰਮਾਣਪੱਤਰ ਦਿੱਤਾ ਜਾਵੇਗਾ;
   - (5) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ ਵਾਲੇ ਵਿਦਿਆਰਥੀਆਂ ਦੀ ਸਮੂਲਿਅਤ ;
   - (6) ਅਧਿਆਪਕਾਂ ਲਈ ਇਹ ਜ਼ਰੂਰੀ ਹੈ ਕਿ ਉਹ ਧਾਰ੍ਹਾ 23(1) ਅਧੀਨ ਦਿੱਤੀਆਂ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ । ਪਰੰਤੂ ਅੱਗੇ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਤੇ ਲਾਗੂ ਹੋਣ ਸਮੇਂ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪ੍ਰਾਪਤ ਕਰਨਗੇ;।
   - (7) ਅਧਿਆਪਕ ਐਕਟ ਦੀ ਧਾਰ੍ਹਾ 24(1)ਅਧੀਨ ਦਰਸਾਈਆਂ ਜਿੰਮੇਵਾਰੀਆ ਪੂਰੀਆਂ ਕਰਦੇ ਹਨ;
   - (੮) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾ ਵਿੱਚ ਮਸ਼ਰੂਫ ਨਹੀਂ ਰੱਖਣਗੇ।
7. ਸਕੂਲ ਪੜ੍ਹਾਈ ਦੇ ਵਿਸ਼ਿਆ ਦੇ ਆਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।
8. ਸਕੂਲ ਦੇ ਇਸੇ ਨਾਂ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।
9. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਅਤੇ ਯੋਗਤਾ ਵਿਕਾਸ ਲਈ ਹੀ ਵਰਤੇ ਜਾਣ ਗੇ।
10. ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ,1860(1860 ਦਾ 21) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਦੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।
11. ਸਕੂਲ ਕਿਸੇ ਨਿੱਜੀ ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।
12. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹਿਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ।ਹਰ ਲੇਖਾ ਸਾਰਣੀ ਦੀ ਇੱਕ ਕਾਪੀ ਹਰ ਸਾਲ ਜ਼ਿਲ੍ਹਾ ਸਿੱਖਿਆ ਅਧਿਕਾਰੀ(ਐ.ਸਿ.) ਨੂੰ ਭੇਜੀ ਜਾਵੇਗੀ।
13. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰ. RTE- 344 ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇ ਇਹ ਦਰਜ ਕੀਤਾ ਜਾਵੇ।
14. ਸਕੂਲ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਸਿਰ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲਾਂ ਦੇ ਕੰਮ ਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।
15. ਸੰਸਥਾ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ ਜੇਕਰ ਕੋਈ ਜ਼ਰੂਰੀ ਹੋਵੇ, ਕਰਵਾਉਣਾ ਯਕੀਨੀ ਬਣਾਇਆ ਜਾਵੇ।
16. ਸਕੂਲ ਐਕਟ ਦੀ ਧਾਰ੍ਹਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।
17. ਭਾਰਤ ਸਰਕਾਰ ਵੱਲੋਂ ਜਾਰੀ ਪੱਤਰ The Right Of Children To Free and Compulsory Education(Amendment) Act,2017 No 24 of 2017 Date 9th August 2017 ਦੀਆਂ ਸ਼ਰਤਾ ਲਾਗੂ ਹੋਣਗੀਆਂ।
18. ਸਕੂਲ ਫਾਇਰ ਸੇਫਟੀ ਸਰਟੀਫਿਕੇਟ,ਬਿਲਡਿੰਗ ਸੇਫਟੀ ਸਰਟੀਫਿਕੇਟ ਅਤੇ ਪਾਣੀ ਦੀ ਸ਼ੁੱਧਤਾ ਸਬੰਧੀ ਸਰਟੀਫਿਕੇਟ ਸਮੇ ਸਿਰ ਅਤੇ ਲੋੜ ਅਨੁਸਾਰ ਰਿਨਿਊ ਕਰਵਾਉਣ ਲਈ ਪਾਬੰਦ ਹੋਣਗੇ।
19. ਸਕੂਲ ਵੱਲੋਂ ਆਨ-ਲਾਈਨ ਜਮਾਂ ਕਰਵਾਏ ਗਏ ਦਸਤਾਵੇਜਾਂ ਵਿੱਚੋਂ ਜੇਕਰ ਕੋਈ ਵੀ ਸਰਟੀਫਿਕੇਟ ਗਲਤ ਪਾਇਆ ਜਾਂਦਾ ਹੈ ਤਾਂ ਉਸ ਸਕੂਲ ਨੂੰ ਦਿੱਤੀ ਹੋਈ ਮਾਨਤਾ ਰੱਦ ਕੀਤੀ ਜਾ ਸਕਦੀ ਹੈ।

MANAGER

Principal
BHAGWAN MAHAVEER PUBLIC SR. SEC. SCHOOL
Banga, Distt. S.B.S. Nagar, Punjab-144505
Affiliated with CBSE New Delhi (up to 10+2)
BMPS
Affiliation No. 1630913 School Code : 20889

8-10-2020
ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ.)
ਸ਼ਹੀਦ ਭਗਤ ਸਿੰਘ ਨਗਰ

Scanned by CamScanner

SED-EDU301/114/2023-3EDU3

I/732379/2023 (1)

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ,

1. ਡਾਇਰੈਕਟਰ ਸਕੂਲ ਸਿੱਖਿਆ (ਐ.ਸਿ.), ਪੰਜਾਬ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.), ਪੰਜਾਬ।

ਮਿਤੀ, ਚੰਡੀਗੜ੍ਹ: 29/11/23

ਵਿਸ਼ਾ: ਆਰ.ਟੀ.ਈ. ਐਕਟ ਅਧੀਨ ਮਾਨਤਾ ਦੇਣ ਸਬੰਧੀ।

ਉਪਰਕੋਤ ਵਿਸ਼ੇ ਤੇ ਸਰਕਾਰ ਦੇ ਹੁਕਮ ਨੰ. SED-EDU301/114/2022-3EDU3/645126 ਮਿਤੀ 19.09.2023 ਦੇ ਹਵਾਲੇ ਵਿੱਚ।

2. ਵਿਸ਼ਾ ਅੰਕਿਤ ਮਾਮਲੇ ਸਬੰਧੀ ਆਪ ਨੂੰ ਲਿੱਖਿਆ ਜਾਂਦਾ ਹੈ ਕਿ ਜਿਹੜੇ ਪ੍ਰਾਈਵੇਟ ਸਕੂਲਾਂ ਨੂੰ ਆਰ.ਟੀ.ਈ. ਅਕੈਟ ਅਤੇ ਪੰਜਾਬ ਆਰ.ਟੀ.ਈ. ਰੂਲਜ਼, 2011 ਤਹਿਤ ਆਰਜੀ ਮਾਨਤਾ ਜਾਰੀ ਕੀਤੀ ਹੋਈ ਹੈ, ਉਸ ਮਾਨਤਾ ਨੂੰ ਪੱਕੀ ਮਾਨਤਾ ਸਮਝਿਆ ਜਾਵੇ।

3. ਇਹ ਵੀ ਲਿੱਖਿਆ ਜਾਂਦਾ ਹੈ ਕਿ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਜਾਂ ਉੱਪ-ਜਿਲ੍ਹਾ ਸਿੱਖਿਆ ਅਫਸਰ ਪ੍ਰਾਈਵੇਟ ਸਕੂਲਾਂ ਦਾ ਨਿਯਮਤ ਨਿਰੀਖਣ ਸਮੇਂ ਸਿਰ ਕਰਨਗੇ ਅਤੇ ਆਰ.ਟੀ.ਈ. ਐਕਟ ਦੀ ਪਾਲਣਾ ਕਰਨ ਸਬੰਧੀ ਸਰਕਾਰ ਨੂੰ ਰਿਪੋਰਟ ਭੇਜਣੀ ਯਕੀਨੀ ਬਣਾਉਣਗੇ।

29.11.23

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

K Jain

Principal
BHAGWAN MAHAVEER PUBLIC SR. SEC. SCHOOL
Banga, Distt. S.B.S. Nagar, Punjab-144505
Affiliated with CBSE New Delhi (up to 10+2)
BMPS
Affiliation No. 1630913 School Code : 20889